# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 11-08-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀਂ ਦਿੱਲੀ ਵਿੱਚ ਸੰਸਦ ਮੈਂਬਰਾਂ ਲਈ 184 ਬਹੁ-ਮੰਜ਼ਿਲਾ ਫਲੈਟਾਂ ਦਾ ਕੀਤਾ ਉਦਘਾਟਨ-ਸ਼੍ਰੀ ਮੋਦੀ ਨੇ ਇਸਨੂੰ, 'ਏਕ ਭਾਰਤ-ਸ਼੍ਰੇਸ਼ਠ ਭਾਰਤ' ਦੀ ਭਾਵਨਾ ਦਾ ਪ੍ਰਤੀਕ ਦਸਿਆ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੰਗਰੂਰ ਵਿੱਚ ਕੈਂਸਰ ਜਾਂਚ ਲਈ 12 ਕੈਂਸਰ ਕੇਅਰ ਵੈਨਾਂ ਨੂੰ ਰਵਾਨਾ ਕੀਤਾ ।
- ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਵਲੋਂ ਅੰਮ੍ਰਿਤਸਰ ਕਮਿਸ਼ਨਰੇਟ ਜਲੰਧਰ ਅਤੇ ਬਾਰਡਰ ਰੇਂਜ ਦੇ ਅਧਿਕਾਰੀਆਂ ਨਾਲ ਕਾਨੂੰਨ-ਵਿਵਸਥਾ ਬਾਰੇ ਸਮੀਖਿਆ ਮੀਟਿੰਗ - ਨਸ਼ਿਆਂ ਨੂੰ ਰੋਕਣ ਬਾਰੇ ਸਖ਼ਤ ਕਾਰਵਾਈ ਕਰਨ ਦੇ ਹੁਕਮ ਦਿੱਤੇ ।
- ਪੰਜਾਬ ਸਰਕਾਰ ਨੇ ਪੀ.ਐਸ.ਪੀ.ਸੀ.ਐਲ. ਕਰਮਚਾਰੀਆਂ ਦੀਆਂ ਜਾਇਜ਼ ਮੁੱਖ ਮੰਗਾਂ ਦਾ ਕੀਤਾ ਹੱਲ-ਬਿਜਲੀ ਮੰਤਰੀ ਵੱਲੋਂ

ਹੜਤਾਲ ਕਰ ਰਹੇ ਕਰਮਚਾਰੀਆਂ ਨੂੰ ਤੁਰੰਤ ਕੰਮ 'ਤੇ ਵਾਪਸ ਆਉਣ ਦੀ ਅਪੀਲ

- ਮੌਸਮ ਵਿਭਾਗ ਵਲੋਂ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿਚ ਭਾਰੀ ਬਾਰਿਸ਼ ਦੀ ਪੇਸ਼ੀਨਗੋਈ ।

ਹੁਣ ਖਬਰਾਂ ਵਿਸਥਾਰ ਨਾਲ.....

-------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਦੇ ਬਾਬਾ ਖੜਕ ਸਿੰਘ ਮਾਰਗ 'ਤੇ ਸੰਸਦ ਮੈਂਬਰਾਂ ਲਈ 184 ਨਵੇਂ ਬਣੇ ਟਾਈਪ-7 ਬਹੁ-ਮੰਜ਼ਿਲਾ ਫਲੈਟਾਂ ਦਾ ਉਦਘਾਟਨ ਕੀਤਾ । ਇਸ ਮੌਕੇ 'ਤੇ ਬੋਲਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ 21ਵੀਂ ਸਦੀ ਦਾ ਭਾਰਤ ਆਪਣੀਆਂ ਜ਼ਿੰਮੇਵਾਰੀਆਂ ਪ੍ਰਤੀ ਸੰਵੇਦਨਸ਼ੀਲ ਏ ਅਤੇ ਵਿਕਾਸ ਦੀ ਇੱਛਾ ਰੱਖਦਾ ਏ । ਉਨ੍ਹਾਂ ਕਿਹਾ ਕਿ 2014 ਤੋਂ ਲੈ ਕੇ ਹੁਣ ਤੱਕ ਸੰਸਦ ਮੈਂਬਰਾਂ ਲਈ ਲਗਭਗ 350 ਨਵੇਂ ਫਲੈਟ ਬਣਾਏ ਗਏ ਨੇ ।BYTE:

ਸ਼੍ਰੀ ਮੋਦੀ ਨੇ ਕਿਹਾ ਕਿ ਵੱਖ-ਵੱਖ ਸੂਬਿਆਂ ਦੇ ਸੰਸਦ ਮੈਂਬਰ ਇਨ੍ਹਾਂ ਰਿਹਾਇਸ਼ਾਂ ਵਿੱਚ ਇਕੱਠੇ ਰਹਿ ਸਕਣਗੇ। ਜੋ 'ਏਕ ਭਾਰਤ - ਸ਼੍ਰੇਸ਼ਠ ਭਾਰਤ' ਦੇ ਦ੍ਰਿਸ਼ਟੀਕੋਣ ਨੂੰ ਦਰਸਾਏਗਾ ।BYTE:

---

ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਅਤੇ ਰਾਸ਼ਟਰੀ ਫਿਲਮ ਵਿਕਾਸ ਨਿਗਮ ਵਲੋਂ ਆਯੋਜਿਤ ਦੇਸ਼ਭਗਤੀ ਫਿਲਮ ਮਹਾਂਉਤਸਵ ਅੱਜ ਤੋਂ ਨਵੀਂ ਦਿੱਲੀ ਵਿੱਚ ਸ਼ੁਰੂ ਹੋ ਗਿਆ ਏ। ਇਹ ਮਹਾਂਉਤਸਵ ਆਜ਼ਾਦੀ ਦਿਵਸ ਮਨਾਉਣ ਲਈ ਹਰ ਘਰ ਤਿਰੰਗਾ ਅਭਿਆਨ ਦੇ ਤਹਿਤ 13 ਅਗਸਤ ਤੱਕ ਸਿਰੀ ਫੋਰਟ ਆਡੀਟੋਰੀਅਮ ਵਿੱਚ ਆਯੋਜਿਤ ਕੀਤਾ ਜਾ ਰਿਹਾ ਏ । ਤਿੰਨ ਦਿਨਾਂ ਮਹਾਂਉਤਸਵ ਦਾ ਉਦੇਸ਼ ਲੋਕਾਂ ਵਿੱਚ ਦੇਸ਼ ਭਗਤੀ ਦੀ ਭਾਵਨਾ ਪੈਦਾ ਕਰਨਾ ਏ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੰਗਰੂਰ ਵਿੱਚ ਕੈਂਸਰ ਜਾਂਚ ਲਈ 12 ਕੈਂਸਰ ਕੇਅਰ ਵੈਨਾਂ ਨੂੰ ਰਵਾਨਾ ਕੀਤਾ । ਇਹ ਵੈਨਾਂ ਸੂਬੇ ਭਰ ਦੇ ਪਿੰਡਾਂ ਵਿੱਚ ਜਾ ਕੇ, ਲੋਕਾਂ ਦੀ ਸਿਹਤ, ਵਿਸ਼ੇਸ਼ ਤੌਰ ਤੇ ਕੈਂਸਰ ਸੰਬੰਧਿਤ ਸਿਹਤ ਜਾਂਚ ਕਰਨਗੀਆਂ। ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਸੰਗਰੂਰ ਦੇ ਸਰਕਾਰੀ ਨਰਸਿੰਗ ਸਿਖਲਾਈ ਸਕੂਲ ਅਤੇ ਜਥੇਦਾਰ ਕਰਤਾਰ ਸਿੰਘ ਦਰਵੇਸ਼ ਐਮੀਨੈਂਸ ਸਕੂਲ ਦੀ ਮੁਰੰਮਤ ਕੀਤੀ ਇਮਾਰਤ ਦਾ ਉਦਘਾਟਨ ਵੀ ਕੀਤਾ । ਉਹਨਾਂ ਨੇ ਦੋਵੇਂ ਸਕੂਲਾਂ ਦੇ

ਵਿਦਿਆਰਥੀਆਂ ਨਾਲ ਗੱਲਬਾਤ ਵੀ ਕੀਤੀ ।

-----------------------------------------------------

ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਅੱਜ ਅੰਮ੍ਰਿਤਸਰ ਵਿੱਚ, ਅੰਮ੍ਰਿਤਸਰ ਕਮਿਸ਼ਨਰੇਟ ਅਤੇ ਬਾਰਡਰ ਰੇਂਜ ਦੇ ਅਧਿਕਾਰੀਆਂ ਅਤੇ ਐਸ.ਐਚ.ਓਜ਼. ਨਾਲ ਕਾਨੂੰਨ-ਵਿਵਸਥਾ ਸਮੀਖਿਆ ਅਤੇ ਆਉਟਰੀਚ ਸੈਸ਼ਨ ਦੀ ਅਗਵਾਈ ਕੀਤੀ। ਇਸ ਵਿੱਚ ਅੰਮ੍ਰਿਤਸਰ ਦਿਹਾਤੀ, ਬਟਾਲਾ, ਗੁਰਦਾਸਪੁਰ, ਅਤੇ ਪਠਾਨਕੋਟ ਜ਼ਿਲ੍ਹਿਆਂ ਦੇ ਪੁਲਿਸ ਅਧਿਕਾਰੀ ਸ਼ਾਮਿਲ ਹੋਏ । ਨਸ਼ਿਆਂ 'ਤੇ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਨੂੰ ਦੁਹਰਾਉਂਦੇ ਹੋਏ, ਨਸ਼ਿਆਂ ਨੂੰ ਰੋਕਣ ਬਾਰੇ ਐਕਟ ਅਧੀਨ ਸਖ਼ਤ ਅਤੇ ਪਾਰਦਰਸ਼ੀ ਕਾਰਵਾਈ ਕਰਨ ਦੇ ਹੁਕਮ ਦਿੱਤੇ ਗਏ । ਪੁਲਿਸ ਮੁਖੀ ਨੇ ਦਹਿਸ਼ਤਗਰਦੀ ਵਿਰੋਧੀ ਰਣਨੀਤੀਆਂ, ਗੈਂਗਸਟਰ ਅਤੇ ਸੰਗਠਿਤ ਅਪਰਾਧ ਨੈੱਟਵਰਕ ਨੂੰ ਤੋੜਨ, ਕਾਨੂੰਨ-ਵਿਵਸਥਾ ਦੀਆਂ ਚੁਣੌਤੀਆਂ ਅਤੇ ਆਜ਼ਾਦੀ ਦਿਵਸ ਦੀ ਤਿਆਰੀ ਦੀ ਵੀ ਸਮੀਖਿਆ ਕੀਤੀ । ਹਰੇਕ ਰੈਂਕ ਦੇ ਅਧਿਕਾਰੀਆਂ ਨਾਲ ਸਿੱਧੀ ਗੱਲਬਾਤ, ਖੁੱਲ੍ਹੀ ਚਰਚਾ ਅਤੇ ਮੈਦਾਨੀ ਤਜਰਬਿਆਂ ਦੇ ਅਦਾਨ-ਪ੍ਰਦਾਨ ਨੂੰ ਉਤਸ਼ਾਹਿਤ ਕੀਤਾ ਗਿਆ, ਜਿਸ ਨਾਲ ਹਰੇਕ ਜ਼ਿਲੇ ਦਾ ਆਪਸੀ ਸਹਿਯੋਗ ਮਜ਼ਬੂਤ ਹੋਵੇ ਅਤੇ ਨਸ਼ੇ ਦੀ ਸਪਲਾਈ ਚੇਨ ਨੂੰ ਤਬਾਹ ਕੀਤਾ ਜਾ ਸਕੇ। ਮੀਟਿੰਗ ਵਿੱਚ ਪੁਲਿਸ ਕਮਿਸ਼ਨਰ ਅੰਮ੍ਰਿਤਸਰ, ਡੀ.ਆਈ.ਜੀ. ਬਾਰਡਰ

ਰੇਂਜ, ਐਸ.ਐਸ.ਪੀਜ਼. ਅਤੇ ਸਬੰਧਤ ਜ਼ਿਲ੍ਹਿਆਂ ਦੇ ਸਾਰੇ ਗਜ਼ਟਿਡ ਅਧਿਕਾਰੀ ਅਤੇ ਐਸ.ਐਚ.ਓਜ਼. ਮੌਜੂਦ ਸਨ। ਪੰਜਾਬ ਪੁਲਿਸ, ਸੂਬੇ ਵਿੱਚ ਅਮਨ-ਚੈਨ, ਸਦਭਾਵਨਾ ਅਤੇ ਨਾਗਰਿਕਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਏ ।

---------------------------------------------------------------

ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਪਾਵਰਕਾਮ ਦੇ ਹੜਤਾਲ ਤੇ ਬੈਠੇ ਕਰਮਚਾਰੀਆਂ ਨੂੰ ਆਪਣੀ ਹੜਤਾਲ ਖਤਮ ਕਰਨ ਅਤੇ ਜਨਤਕ ਹਿੱਤਾਂ ਖਾਸ ਕਰਕੇ ਮੌਜੂਦਾ ਗਰਮੀਆਂ ਦੇ ਮੌਸਮ ਦੌਰਾਨ ਬਿਜਲੀ ਦੀ ਵੱਧ ਮੰਗ ਨੂੰ ਮੁੱਖ ਰੱਖਦਿਆਂ ਤੁਰੰਤ ਕੰਮ 'ਤੇ ਵਾਪਸ ਪਰਤਣ ਦੀ ਅਪੀਲ ਕੀਤੀ ਏ । ਬਿਜਲੀ ਮੰਤਰੀ ਨੇ ਕਿਹਾ ਕਿ ਘਰਾਂ, ਖੇਤੀਬਾੜੀ ਅਤੇ ਉਦਯੋਗਿਕ ਖੇਤਰਾਂ ਲਈ ਨਿਰਵਿਘਨ ਬਿਜਲੀ ਸਪਲਾਈ ਬੇਹੱਦ ਜ਼ਰੂਰੀ ਏ , ਇਸ ਲਈ ਹੜਤਾਲੀ ਕਰਮਚਾਰੀਆਂ ਨੂੰ ਤੁਰੰਤ ਡਿਊਟੀਆਂ 'ਤੇ ਵਾਪਸ ਆ ਜਾਣਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਲੰਮੀਆਂ ਹੜਤਾਲਾਂ ਕਾਰਨ ਲੱਖਾਂ ਖਪਤਕਾਰਾਂ ਨੂੰ ਅਨੇਕਾਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਏ। ਉਨ੍ਹਾਂ ਮੁਲਾਜ਼ਮਾਂ ਨੂੰ ਭਰੋਸਾ ਦਿੱਤਾ ਕਿ ਸਰਕਾਰ ਉਨ੍ਹਾਂ ਦੇ ਮਸਲਿਆਂ ਨੂੰ ਇਮਾਨਦਾਰੀ ਨਾਲ ਹੱਲ ਕਰਨ ਲਈ ਯਤਨਸ਼ੀਲ ਏ। ਪੰਜਾਬ ਸਰਕਾਰ ਵੱਲੋਂ ਇਸ ਸਬੰਧੀ ਕੀਤੀਆਂ ਗਈ ਕੋਸ਼ਿਸ਼ਾਂ ਬਾਰੇ ਜਾਣਕਾਰੀ ਦਿੰਦਿਆਂ ਹਰਭਜਨ ਸਿੰਘ ਈ.ਟੀ.ਓ. ਨੇ

ਦੱਸਿਆ ਕਿ ਅਜੇ ਪੰਜਾਬ ਭਵਨ ਚੰਡੀਗੜ੍ਹ ਵਿਖੇ ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਪ੍ਰਸ਼ਾਸਨ ਅਤੇ ਪਾਵਰਕਾਮ ਕਰਮਚਾਰੀ ਸਾਂਝੇ ਮੰਚ ਅਤੇ ਬਿਜਲੀ ਮੁਲਾਜ਼ਮ ਏਕਤਾ ਮੰਚ ਦੇ ਨੁਮਾਇੰਦਿਆਂ ਦਰਮਿਆਨ ਇੱਕ ਅਹਿਮ ਮੀਟਿੰਗ ਬੁਲਾਈ ਗਈ ਸੀ , ਜਿਸਦੀ ਪ੍ਰਧਾਨਗੀ ਉਨ੍ਹਾਂ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਸਾਂਝੇ ਤੌਰ 'ਤੇ ਕੀਤੀ ਸੀ। ਇਸ ਮੀਟਿੰਗ ਦੌਰਾਨ, ਪੀ.ਐਸ.ਪੀ.ਸੀ.ਐਲ. ਪ੍ਰਸ਼ਾਸਨ ਨੇ ਕਰਮਚਾਰੀਆਂ ਵੱਲੋਂ ਰੱਖੀਆਂ ਗਈਆਂ ਲਗਭਗ ਸਾਰੀਆਂ ਮੁੱਖ ਮੰਗਾਂ ਨੂੰ ਸਵੀਕਾਰ ਕਰਨ ਲਈ ਆਪਣੀ ਸਹਿਮਤੀ ਦੇ ਦਿੱਤੀ ਸੀ। ਬਿਜਲੀ ਮੰਤਰੀ ਨੇ ਕਿਹਾ ਕਿ ਜ਼ਿਆਦਾਤਰ ਮੰਗਾਂ ਦਾ ਹੱਲ ਹੋ ਜਾਣ ਨਾਲ ਹੁਣ ਕਰਮਚਾਰੀਆਂ ਲਈ ਹੜਤਾਲ ਜਾਰੀ ਰੱਖਣਾ ਵਾਜਬ ਨਹੀਂ ਏ ।

---------------------------------------------------

ਕਪੂਰਥਲਾ ਦੇ ਡਿਪਟੀ ਕਮਿਸ਼ਨਰ ਕਪੂਰਥਲਾ ਅਮਿਤ ਕੁਮਾਰ ਪੰਚਾਲ ਨੇ ਕਿਹਾ ਏ ਕਿ ਬਿਆਸ ਦਰਿਆ ਵਿਚ ਪਾਣੀ ਦੇ ਪੱਧਰ ਉਪਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 24 ਘੰਟੇ ਸਖ਼ਤ ਨਿਗਰਾਨੀ ਰੱਖੀ ਜਾ ਰਹੀ ਏ । ਉਨ੍ਹਾਂ ਕਿਹਾ ਕਿ ਸੁਲਤਾਨਪੁਰ ਤੇ ਭੁਲੱਥ ਦੇ ਐਸ ਡੀ ਐਮਜ , ਮਾਲ ਵਿਭਾਗ ਤੇ ਹੋਰਨਾਂ ਸਬੰਧਤ ਵਿਭਾਗਾਂ ਨੂੰ ਮੰਡ ਖੇਤਰ ਦਾ ਦੌਰਾ ਕਰਕੇ ਲੋਕਾਂ ਨਾਲ ਲਗਾਤਾਰ ਰਾਬਤਾ ਰੱਖਣ ਦੇ ਹੁਕਮ ਦਿੱਤੇ ਗਏ ਨੇ । ਸ੍ਰੀ ਪੰਚਾਲ ਨੇ ਕਿਹਾ ਕਿ ਪ੍ਰਸ਼ਾਸਨ ਪੂਰੀ ਤਰਾਂ ਚੌਕਸ ਏ ਅਤੇ ਕਿਸੇ ਵੀ

ਅਣਸੁਖਾਵੇਂ ਹਾਲਤ ਨਾਲ ਨਜਿੱਠਣ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਨੇ । ਉਨ੍ਹਾਂ ਕਿਹਾ ਕਿ ਲੋਕ ਬਿਲਕੁਲ ਨਾ ਘਬਰਾਉਣ। ਡਿਪਟੀ ਕਮਿਸ਼ਨਰ ਨੇ ਡਰੇਨਜ ਵਿਭਾਗ ਦੇ ਅਧਿਕਾਰੀਆਂ ਵੱਲੋਂ ਪੌਂਗ ਡੈਮ ਤੋਂ ਛੱਡੇ ਜਾਣ ਵਾਲੇ ਪਾਣੀ ਬਾਰੇ ਲਗਾਤਾਰ ਰਾਬਤਾ ਰੱਖਿਆ ਜਾ ਰਿਹਾ ਏ । ਇਸ ਤੋਂ ਇਲਾਵਾ ਪਾਣੀ ਦੀ ਲਗਾਤਾਰ ਨਿਕਾਸੀ ਲਈ ਹਰੀਕੇ ਹੈੱਡ ਵਿਖੇ ਡਰੇਨਜ ਵਿਭਾਗ ਨਾਲ ਸਿੱਧਾ ਰਾਬਤਾ ਰੱਖਿਆ ਗਿਆ ਏ । ਸ੍ਰੀ ਪੰਚਾਲ ਨੇ ਇਹ ਵੀ ਸਪੱਸ਼ਟ ਕੀਤਾ ਕਿ ਭੁਲੱਥ ਤੇ ਸੁਲਤਾਨਪੁਰ ਲੋਧੀ ਹਲਕੇ ਅੰਦਰ ਲੱਗੇ ਧੁੱਸੀ ਬੰਨ੍ਹ ਪੂਰੀ ਤਰ੍ਹਾਂ ਸੁਰੱਖਿਅਤ ਨੇ ਤੇ ਉਨ੍ਹਾਂ ਨੂੰ ਕਿਸੇ ਵੀ ਪ੍ਰਕਾਰ ਦਾ ਕੋਈ ਖਤਰਾ ਨਹੀਂ ਏ । ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਸਥਾਪਿਤ ਕੀਤੇ ਗਏ ਕੰਟਰੋਲ ਰੂਮ ਨੰਬਰ 018-22-23-19-90 ਉਪਰ ਜਾਣਕਾਰੀ ਲਈ ਲੋਕ ਸਿੱਧਾ ਸੰਪਰਕ ਕਰ ਸਕਦੇ ਨੇ। ਇਸ ਤੋਂ ਇਲਾਵਾ ਕਿਸੇ ਵੀ ਅਣਸੁਖਾਵੇਂ ਹਾਲਾਤ ਨਾਲ ਨਜਿੱਠਣ ਲਈ ਸਿਹਤ ਵਿਭਾਗ ਵੱਲੋਂ ਦਵਾਈਆਂ, ਪਸ਼ੂ ਪਾਲਣ ਵਿਭਾਗ ਵੱਲੋਂ ਸੁੱਕੇ ਚਾਰੇ , NDRF ਤੇ SDRF ਦੀਆਂ ਟੀਮਾਂ ਦਾ ਵੀ ਗਠਨ ਕੀਤਾ ਗਿਆ ਏ । ਇਸੇ ਦੌਰਾਨ ਅੱਜ ਐਸ ਡੀ ਐਮ ਸੁਲਤਾਨਪੁਰ ਲੋਧੀ ਅਲਕਾ ਕਾਲੀਆ ਤੇ ਐਸ ਡੀ ਐਮ ਭੁਲੱਥ ਡੈਵੀ ਗੋਇਲ਼ ਨੇ ਮੰਡ ਖੇਤਰ ਦਾ ਦੌਰਾ ਕੀਤਾ। ਸ੍ਰੀ ਗੋਇਲ਼ ਨੇ ਮੰਡ ਕੂਕਾ ਪਿੰਡ ਵਿਖੇ ਜਾ ਕੇ ਕਿਸਾਨਾਂ ਨਾਲ ਗੱਲਬਾਤ ਕੀਤੀ ਤੇ ਫ਼ਸਲਾਂ ਦਾ ਜਾਇਜ਼ਾ ਲਿਆ ।

ਇਸੇ ਤਰ੍ਹਾਂ ਸੁਲਤਾਨਪੁਰ ਲੋਧੀ ਦੇ ਐਸ ਡੀ ਐਮ ਅਲਕਾ ਕਾਲੀਆ ਨੇ ਵੀ ਮੰਡ ਖੇਤਰ ਦਾ ਦੌਰਾ ਕਰਕੇ ਸਥਿਤੀ ਦਾ ਜਾਇਜ਼ਾ ਲਿਆ। ਸ੍ਰੀ ਪੰਚਾਲ ਨੇ ਇਹ ਵੀ ਅਪੀਲ ਕੀਤੀ ਕਿ ਲੋਕ ਕਿਸੇ ਅਫ਼ਵਾਹ ਉੱਪਰ ਯਕੀਨ ਨਾ ਕਰਨ ਤੇ ਜਾਣਕਾਰੀ ਲਈ ਕੇਵਲ ਅਧਿਕਾਰਤ ਸ੍ਰੋਤਾਂ ਦੀ ਹੀ ਵਰਤੋਂ ਕੀਤੀ ਜਾਵੇ।

---------------------------------------------------------------

ਤਰਨਤਾਰਨ ਦੇ ਪਿੰਡ ਕੋਟ ਧਰਮ ਚੰਦ ਨੇੜੇ ਪੁਲਿਸ ਦੀ ਪਟਰੋਲਿੰਗ ਵੈਨ ਅਤੇ ਮੋਟਰਸਾਈਕਲ ਦੀ ਟੱਕਰ ਹੋਣ ਕਾਰਨ ਮੋਟਰਸਾਈਕਲ ਸਵਾਰ ਦੋ ਨੌਜਵਾਨਾਂ ਦੀ ਮੌਤ ਹੋ ਗਈ। ਝਬਾਲ ਦੇ ਪੁਲਿਸ ਡਿਊਟੀ ਅਫਸਰ ਸੁਖਵਿੰਦਰ ਸਿੰਘ ਨੇ ਕਥਿਤ ਤੋਰ ਤੇ ਦਸਿਆ ਏ ਕਿ ਦੱਸਿਆ ਕਿ ਮੋਟਰਸਾਈਕਲ ਸਵਾਰ ਆਪਣੇ ਇਕ ਹੋਰ ਦੋਸਤ ਨਾਲ ਰੇਸ ਲਗਾ ਰਹੇ ਸਨ, ਜਿਸ ਦੌਰਾਨ ਇਨਾ ਦਾ ਮੋਟਰਸਾਈਕਲ ਪੁਲਿਸ ਦੀ ਕਾਰ ਨਾਲ ਟਕਰਾਉਣ ਮਗਰੋਂ ਡਿਵਾਈਡਰ ਨਾਲ ਜਾ ਟਕਰਾਇਆ ਜਿਸ ਵਿਚ ਦੋਨਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ।

---------------------------------------------------------------

ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ਼ ਵਿੱਢੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜਲੰਧਰ ਦੇ ਯੁਵਕ ਸੇਵਾਵਾਂ ਵਿਭਾਗ ਨੇ ਯੁਵਕ ਸੇਵਾਵਾਂ

ਕਲੱਬ ਵਰਿਆਣਾ ਵਿਖੇ ਨਸ਼ਾ ਵਿਰੋਧੀ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਰਹਿਨੁਮਾਈ ਹੇਠ ਕਰਵਾਏ ਗਏ ਇਸ ਪ੍ਰੋਗਰਾਮ ਵਿੱਚ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਰਵੀ ਦਾਰਾ ਨੇ 'ਯੁੱਧ ਨਸ਼ਿਆਂ ਵਿਰੁੱਧ' ਗੀਤ ਗਾ ਕੇ ਲੋਕਾਂ ਨੂੰ ਨਸ਼ਿਆਂ ਦੀ ਲਾਹਣਤ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ । ਉਨ੍ਹਾਂ ਪੰਜਾਬੀਆਂ ਨੂੰ ਤੁੰਦਰੁਸਤੀ ਅਤੇ ਖੇਡਾਂ ਦੇ ਖੇਤਰ ਵਿੱਚ ਵੀ ਮਿਸਾਲਾਂ ਕਾਇਮ ਕਰਨ ਲਈ ਨਸ਼ਿਆਂ ਤੋਂ ਦੂਰ ਰਹਿਣ, ਸਿਹਤਮੰਦ ਜੀਵਨਸ਼ੈਲੀ ਅਪਨਾਉਣ ਅਤੇ ਖੇਡਾਂ ਦੇ ਖੇਤਰ ਵਿੱਚ ਮੱਲਾਂ ਮਾਰਨ ਦਾ ਸੱਦਾ ਦਿੱਤਾ। ਪ੍ਰੋਗਰਾਮ ਦੌਰਾਨ ਪਿੰਡ ਦੀ ਪੰਚਾਇਤ ਨੇ ਨਸ਼ਿਆਂ ਖਿਲਾਫ਼ ਲੜਾਈ ਵਿੱਚ ਸਰਗਰਮ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ। ਵਰਿਆਣਾ ਕਲੱਬ ਦੇ ਪ੍ਰਧਾਨ ਮੋਹਿਤ ਬੱਗਾ ਅਤੇ ਪਿੰਡ ਦੇ ਪਤਵੰਤੇ ਸੱਜਣ ਵੀ ਮੌਜੂਦ ਸਨ।

---------------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਜੁਲਾਈ ਮਹੀਨੇ ਦੌਰਾਨ ਅੱਠ ਵੱਖ-ਵੱਖ ਮਾਮਲਿਆਂ ਵਿੱਚ 10 ਸਰਕਾਰੀ ਮੁਲਾਜ਼ਮਾਂ ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਏ । ਉਨ੍ਹਾਂ ਦੱਸਿਆ ਕਿ ਬਿਊਰੋ ਨੇ ਪਿਛਲੇ ਮਹੀਨੇ ਵੱਖ-ਵੱਖ ਅਦਾਲਤਾਂ ਵਿੱਚ 28 ਵਿਜੀਲੈਂਸ ਮਾਮਲਿਆਂ ਨਾਲ ਸਬੰਧਤ ਚਲਾਨ ਪੇਸ਼ ਕੀਤੇ ਸਨ । ਇਸ ਤੋਂ ਇਲਾਵਾ ਭ੍ਰਿਸ਼ਟਾਚਾਰ ਦੇ ਮਾਮਲਿਆਂ

ਦੀ ਡੂੰਘਾਈ ਨਾਲ ਜਾਂਚ ਕਰਨ ਲਈ 6 ਵਿਜੀਲੈਂਸ ਪੜਤਾਲਾਂ ਵੀ ਦਰਜ ਕੀਤੀਆਂ ਗਈਆਂ ਨੇ। ਉਨ੍ਹਾਂ ਕਿਹਾ ਕਿ 13 ਵਿਅਕਤੀਆਂ ਵਿਰੁੱਧ 8 ਅਪਰਾਧਕ ਮਾਮਲੇ ਵੀ ਦਰਜ ਕੀਤੇ ਗਏ ਨੇ, ਜਿਨ੍ਹਾਂ ਵਿੱਚ 9 ਸਰਕਾਰੀ ਮੁਲਾਜ਼ਮ ਸ਼ਾਮਲ ਨੇ। ਉਨ੍ਹਾਂ ਕਿਹਾ ਕਿ ਵੱਖ-ਵੱਖ ਅਦਾਲਤਾਂ ਨੇ ਪਿਛਲੇ ਮਹੀਨੇ ਦੌਰਾਨ ਵਿਜਲੈਂਸ ਬਿਊਰੋ ਵੱਲੋਂ ਦਾਇਰ ਕੀਤੇ ਗਏ ਪੰਜ ਰਿਸ਼ਵਤਖੋਰੀ ਦੇ ਮਾਮਲਿਆਂ ‘ਚ ਫੈਸਲਾ ਸੁਣਾਇਆ ਏ , ਜਿਸ ਵਿੱਚ ਸੱਤ ਵਿਅਕਤੀਆਂ ਨੂੰ ਦੋਸ਼ੀ ਠਹਿਰਾਉਂਦਿਆਂ ਦੋ ਸਾਲ ਤੋਂ ਪੰਜ ਸਾਲ ਦੀ ਕੈਦ ਦੇ ਨਾਲ 10 ਹਜ਼ਾਰ ਰੁਪਏ ਤੋਂ ਇਕ ਲਖ ਰੁਪਏ ਤੱਕ ਦੇ ਜੁਰਮਾਨੇ ਲਾਏ ਗਏ ਹਨ।

---------------------------------------------------------------------

ਪੰਜਾਬ ਸਰਕਾਰ ਵੱਲੋਂ ਸੂਬਾ ਵਾਸੀਆਂ ਨੂੰ ਪਾਰਦਰਸ਼ੀ ਅਤੇ ਜਵਾਬਦੇਹ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਭਰਤੀ ਕੀਤੇ ਗਏ 504 ਪਟਵਾਰੀਆਂ ਨੂੰ ਅੱਜ ਪੰਜਾਬ ਦੇ ਮਾਲ ਤੇ ਮੁੜ-ਵਸੇਬਾ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਨਿਯੁਕਤੀ ਪੱਤਰ ਸੌਂਪੇ ਗਏ। ਚੰਡੀਗੜ੍ਹ ਵਿਖੇ ਨਿਯੁਕਤੀ ਪੱਤਰ ਵੰਡ ਸਮਾਗਮ ਨੂੰ ਸੰਬੋਧਨ ਕਰਦਿਆਂ ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ 18 ਮਹੀਨਿਆਂ ਦੀ ਲਾਜ਼ਮੀ ਸਿਖਲਾਈ ਪੂਰੀ ਕਰ ਚੁੱਕੇ ਇਨ੍ਹਾਂ ਪਟਵਾਰੀਆਂ ਨੂੰ ਫੀਲਡ ਵਿੱਚ ਬਤੌਰ ਰੈਗੂਲਰ ਪਟਵਾਰੀ ਤੈਨਾਤ ਕੀਤਾ ਜਾ ਰਿਹਾ ਏ। ਉਨ੍ਹਾਂ ਦੱਸਿਆ ਕਿ

ਯੋਗ ਉਮੀਦਵਾਰਾਂ ਦੀ ਵਿਭਾਗੀ ਪ੍ਰੀਖਿਆ ਇਸ ਸਾਲ 26 ਮਈ ਤੋਂ 3 ਜੂਨ ਤੱਕ ਲਈ ਗਈ। ਇਸ ਪ੍ਰੀਖਿਆ ਵਿਚੋਂ ਕੁੱਲ 504 ਉਮੀਦਵਾਰਾਂ ਨੇ ਵਿਭਾਗੀ ਪ੍ਰੀਖਿਆ ਪਾਸ ਕੀਤੀ , ਜਿਨ੍ਹਾਂ ਨੂੰ ਅੱਜ ਨਿਯੁਕਤੀ ਪੱਤਰ ਦੇਣ ਉਪਰੰਤ ਫੀਲਡ ਵਿੱਚ ਤੈਨਾਤ ਕੀਤਾ ਜਾਵੇਗਾ। ਕੈਬਨਿਟ ਮੰਤਰੀ ਨੇ ਕਿਹਾ ਕਿ ਲੋਕਾਂ ਨੂੰ ਸਾਫ਼-ਸੁਥਰੀਆਂ, ਪਾਰਦਰਸ਼ੀ ਅਤੇ ਜਵਾਬਦੇਹ ਨਾਗਰਿਕ ਕੇਂਦਰਿਤ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਇਨ੍ਹਾਂ ਪਟਵਾਰੀਆਂ ਦੀ ਨਿਯੁਕਤੀ ਕੀਤੀ ਗਈ ਏ। ਉਨ੍ਹਾਂ ਉਮੀਦ ਜਤਾਈ ਕਿ ਨੌਜਵਾਨ ਉਮੀਦਵਾਰਾਂ ਦੀ ਭਰਤੀ ਆਉਣ ਵਾਲੇ ਦਿਨਾਂ ਵਿੱਚ ਭ੍ਰਿਸ਼ਟਾਚਾਰ-ਮੁਕਤ ਸਮਾਜ ਦੀ ਸਿਰਜਣਾ ਲਈ ਅਹਿਮ ਸਾਬਤ ਹੋਵੇਗੀ।

---

ਮੌਸਮ ਵਿਭਾਗ ਨੇ ਅੱਜ ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਵਿੱਚ ਭਾਰੀ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਏ । ਮੌਸਮ ਵਿਭਾਗ ਨੇ ਅੱਜ ਇਨ੍ਹਾਂ ਸੂਬਿਆਂ ਵਿੱਚ ਮੀਂਹ ਪੈਣ ਬਾਰੇ ਓਰੰਜ ਅਲਰਟ ਜਾਰੀ ਕੀਤਾ ਏ । ਵਿਭਾਗ ਨੇ ਪੰਜਾਬ ,ਹਰਿਆਣਾ ਤੇ ਚੰਡੀਗੜ੍ਹ ਵਿੱਚ ਵੀ ਇਸੇ ਤਰ੍ਹਾਂ ਦੇ ਹਾਲਾਤ ਰਹਿਣ ਦੀ ਸੰਭਾਵਨਾ ਜਤਾਈ ਏ। ਅੱਜ ਸਵੇਰ ਤੋਂ ਮੋਹਾਲੀ ਅਤੇ ਪਠਾਨਕੋਟ ਚ ਮੀਂਹ ਪੈ ਰਿਹਾ ਏ , ਜਦਕਿ ਜਲੰਧਰ ਸਮੇਤ ਹੋਰਨਾਂ ਕਈ

ਥਾਵਾਂ ਤੇ ਬੱਦਲਵਾਈ ਬਣੀ ਹੋਈ ਏ ।

---------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀਂ ਦਿੱਲੀ ਵਿੱਚ ਸੰਸਦ ਮੈਂਬਰਾਂ ਲਈ 184 ਬਹੁ-ਮੰਜ਼ਿਲਾ ਫਲੈਟਾਂ ਦਾ ਕੀਤਾ ਉਦਘਾਟਨ-ਸ਼੍ਰੀ ਮੋਦੀ ਨੇ ਇਸਨੂੰ, 'ਏਕ ਭਾਰਤ-ਸ਼੍ਰੇਸ਼ਠ ਭਾਰਤ' ਦੀ ਭਾਵਨਾ ਦਾ ਪ੍ਰਤੀਕ ਦਸਿਆ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੰਗਰੂਰ ਵਿੱਚ ਕੈਂਸਰ ਜਾਂਚ ਲਈ 12 ਕੈਂਸਰ ਕੇਅਰ ਵੈਨਾਂ ਨੂੰ ਰਵਾਨਾ ਕੀਤਾ ।
- ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਵਲੋਂ ਅੰਮ੍ਰਿਤਸਰ ਕਮਿਸ਼ਨਰੇਟ ਜਲੰਧਰ ਅਤੇ ਬਾਰਡਰ ਰੇਂਜ ਦੇ ਅਧਿਕਾਰੀਆਂ ਨਾਲ ਕਾਨੂੰਨ-ਵਿਵਸਥਾ ਬਾਰੇ ਸਮੀਖਿਆ ਮੀਟਿੰਗ - ਨਸ਼ਿਆਂ ਨੂੰ ਰੋਕਣ ਬਾਰੇ ਸਖ਼ਤ ਕਾਰਵਾਈ ਕਰਨ ਦੇ ਹੁਕਮ ਦਿੱਤੇ ।
- ਪੰਜਾਬ ਸਰਕਾਰ ਨੇ ਪੀ.ਐਸ.ਪੀ.ਸੀ.ਐਲ. ਕਰਮਚਾਰੀਆਂ ਦੀਆਂ ਜਾਇਜ਼ ਮੁੱਖ ਮੰਗਾਂ ਦਾ ਕੀਤਾ ਹੱਲ-ਬਿਜਲੀ ਮੰਤਰੀ ਵੱਲੋਂ ਹੜਤਾਲ ਕਰ ਰਹੇ ਕਰਮਚਾਰੀਆਂ ਨੂੰ ਤੁਰੰਤ ਕੰਮ 'ਤੇ ਵਾਪਸ ਆਉਣ ਦੀ ਅਪੀਲ

- ਮੌਸਮ ਵਿਭਾਗ ਵਲੋਂ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿਚ ਭਾਰੀ ਬਾਰਿਸ਼ ਦੀ ਪੇਸ਼ੀਨਗੋਈ।

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**